# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 01-11-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਭਾਰਤ ਇੱਕ ਰਾਸ਼ਟਰ ਇੱਕ ਸਿਵਿਲ ਜ਼ਾਬਤੇ ਵੱਲ ਵਧ ਰਿਹਾ ਏ ਜੋ ਕਿ ਧਰਮ ਨਿਰਪਖ ਸਿਵਲ ਜ਼ਾਬਤਾ ਹੋਏਗਾ।
- ਤਿਉਹਾਰਾਂ ਦੇ ਮਦੇਨਜਰ ਉੱਤਰੀ ਰੇਲਵੇ ਦੇ ਫਿਰੋਜ਼ਪੁਰ ਡਿਵੀਜ਼ਨ ਵਲੋਂ ਵਿਸ਼ੇਸ਼ ਰੇਲਗੱਡੀਆਂ ਚਲਾਈਆਂ ਜਾ ਰਹੀਆਂ ਨੇ।
- ਦੀਵਾਲੀ ਅਤੇ ਬੰਦੀ ਛੋੜ ਦਿਵਸ ਸੱਚਖੰਡ ਸ਼੍ਰੀ ਹਰਿਮੰਦਰ ਸਾਹਿਬ ਵਿਖੇ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ।
- ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਦੁਆਰਾ ਹਾੜ੍ਹੀ ਸੀਜ਼ਨ ਲਈ ਡੀ.ਏ.ਪੀ. ਅਤੇ ਹੋਰ ਖਾਦਾਂ, ਮਿਆਰੀ ਬੀਜਾਂ ਅਤੇ ਕੀਟਨਾਸ਼ਕਾਂ ਦੀ ਨਿਰਵਿਘਨ ਅਤੇ ਲੋੜੀਂਦੀ ਉਪਲਬਧਤਾ ਨੂੰ

ਯਕੀਨੀ ਬਣਾਉਣ ਲਈ ਉੱਡਣ ਦਸਤਿਆਂ ਦੀਆਂ ਪੰਜ ਟੀਮਾਂ ਦਾ ਗਠਨ।

-------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਭਾਰਤ ਇੱਕ ਸਿਵਲ ਜ਼ਾਬਤੇ ਵਲ ਵਧ ਰਿਹਾ ਏ, ਜੋ ਕਿ ਧਰਮ ਨਿਰਪੱਖ ਸਿਵਲ ਜ਼ਾਬਤਾ ਏ। ਕਲ ਗੁਜਰਾਤ ਦੇ ਕੇਵਡਿਆ ਵਿਖੇ ਰਾਸ਼ਟਰੀ ਏਕਤਾ ਸਮਾਰੋਹ ਨੂੰ ਸਬੋਧਨ ਕਰਦਿਆਂ ਸ਼੍ਰੀ ਮੋਦੀ ਨੇ ਕਿਹਾ ਇਕ ਧਰਮ ਨਿਰਪੱਖ ਇਸਵਲ ਜ਼ਾਬਤਾ , ਵਿਤਕਰੇ ਨੂੰ ਖਤਮ ਕਰਨ ਦੀ ਕੁੰਜੀ ਏ । ਉਹਨਾਂ ਕਿਹਾ ਕਿ ਇਸ ਨਾਲ ਦੇਸ਼ ਹੋਰ ਅੱਗੇ ਵਧੇਗਾ

**BYTE - PM**

ਪ੍ਰਧਾਨ ਮੰਤਰੀ ਨੇ ਕਿਹਾ ਕਿ , ਅੱਜ ਅਸੀਂ ਸਾਰੇ ਇੱਕ ਰਾਸ਼ਟਰ ਪਛਾਣ -ਆਧਾਰ ਦੀ ਸਫਲਤਾ ਦੇਖ ਰਹੇ ਆਂ ਅਤੇ ਦੁਨੀਆਂ ਇਸ ਤੇ ਚਰਚਾ ਵੀ ਕਰ ਰਹੀ ਏ। ਉਹਨਾਂ ਕਿਹਾ ਕਿ ਪਹਿਲਾਂ ਭਾਰਤ ਵਿਚ ਵੱਖ ਵੱਖ ਟੈਕਸ ਪ੍ਰਣਾਲੀਆਂ ਸਨ , ਪਰ ਅਸੀਂ ਇੱਕ ਰਾਸ਼ਟਰ ਇੱਕ ਟੈਕਸ ਪ੍ਰਣਾਲੀ -GST ਬਣਾਈ । ਉਹਨਾਂ ਕਿਹਾ ਕਿ , ਏਕਤਾ ਲਈ ਸਾਡੀਆਂ ਇਹਨਾਂ

ਕੋਸ਼ਿਸ਼ਾਂ ਤਹਿਤ , ਅਸੀਂ ਹੁਣ ਇੱਕ ਰਾਸ਼ਟਰ ਇੱਕ ਚੋਣ ਲਈ ਕੱਮ ਕਰ ਰਹੇ ਆਂ , ਜਿਸ ਨਾਲ ਭਾਰਤ ਦੇ ਲੋਕਰਾਜ ਨੂੰ ਮਜਬੂਤੀ ਮਿਲੇਗੀ। ਭਾਰਤ ਦੇ ਵਸੀਲਿਆਂ ਦੀ ਵੱਧ ਤੋਂ ਵੱਧ ਵਰਤੋਂ ਹੋਏਗੀ ਅਤੇ ਦੇਸ਼ ਇੱਕ ਵਿਕਸਤ  ਭਾਰਤ ਦੇ ਸੁਪਨੇ ਨੂੰ ਸਾਕਾਰ ਕਰਨ ਇਚ ਨਵੀਂ ਰਫਤਾਰ ਹਾਸਿਲ ਕਰੇਗਾ ।

BYTE - PM

ਉਹਨਾਂ ਕਿਹਾ ਕਿ ਸਰਕਾਰੀ ਯੋਜਨਾਵਾਂ ਦੇ ਲਾਭ ਬਿਨਾ ਵਿਤਕਰਾ ਕੀਤਿਆਂ  ਮਿਲਦੇ ਨੇ ਜਿਸ ਨਾਲ ਲੋਕਾਂ ਦਾ ਸਰਕਾਰ ਤੇ ਭਰੋਸਾ ਵਧਿਆ ਏ ।

---------------------------------------------------------

ਬੰਦੀ ਛੋੜ ਗੁਰਪੁਰਬ ਅਤੇ ਦਿਵਾਲੀ ਦਾ ਤਿਉਹਾਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਬਹੁਤ ਧਾਰਮਿਕ ਸ਼ਰਧਾ ਅਤੇ ਉਤਸਾਹ ਦੇ ਨਾਲ ਮਨਾਇਆ ਜਾ ਰਿਹਾ ਏ। ਇਸ ਮੌਕੇ ਦੇਸ਼ ਵਿਦੇਸ਼ਾਂ ਤੋਂ ਲੱਖਾਂ ਦੀ ਗਿਣਤੀ ਵਿਚ ਸੰਗਤਾਂ ਸੱਚਖੰਡ ਸ੍ਰੀ ਹਰਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਲਈ ਪਹੁੰਚਿਆਂ ਨੇ.  ਅੱਜ ਸ਼ਾਮ ਸ੍ਰੀ ਅਕਾਲ ਤਖਤ

ਸਾਹਿਬ ਦੇ ਜਥੇਦਾਰ ਗਿਆਨੀ  ਰਘਬੀਰ ਸਿੰਘ ਸਿੱਖ ਕੌਮ ਦੇ ਨਾਂ ਤੇ ਸੰਦੇਸ਼ ਜਾਰੀ ਕੀਤਾ  . ਉਹਨਾਂ  ਬੰਦੀ ਛੋੜ ਦਿਵਸ ਦੀ ਵਧਾਈ ਦਿੰਦਿਆਂ ਕਿਹਾ ਕਿ ਇਸ ਦਿਹਾੜੇ ਦਾ ਸਬੰਧ ਸਿੱਖ ਧਰਮ ਦੇ ਸੰਸਥਾਗਤ ਪ੍ਰਚਾਰ ਪ੍ਰਸਾਰ, ਖ਼ੂਨੀ ਪੈਂਡਿਆਂ ਅਤੇ ਜਬਰ-ਜੁਲਮ ਵਿਰੁੱਧ ਸੰਘਰਸ਼ ਦੌਰਾਨ ਕੌਮੀ ਤਕਦੀਰ  ਉਲੀਕਣ  ਦੇ ਅਹਿਮ ਦਿਹਾੜੇ ਵਜੋਂ ਵੀ ਜੁੜਿਆ ਹੋਇਆ ਏ।  ਉਹਨਾਂ ਨੌਜਵਾਨਾਂ ਨੂੰ ਰੁਜ਼ਗਾਰ ਲਈ ਵਿਦੇਸ਼ ਜਾਨ  ਦੀ ਬਜਾਏ ਇਥੇ ਰਹਿੰਦਿਆਂ ਆਪਣੀ ਕਾਬਲੀਅਤ ਅਤੇ ਊਰਜਾ ਨੂੰ ਉਸਾਰੂ ਦਿਸ਼ਾ ਵੱਲ ਸੇਧਿਤ ਕਰਕੇ ਉੱਚ ਪ੍ਰਸ਼ਾਸਨਿਕ, ਡਾਕਟਰੀ ਸਿੱਖਿਆ, ਤਕਨੀਕੀ ਅਤੇ ਵਣਜ ਵਪਾਰ ਦੇ ਖੇਤਰ ਵਿਚ ਅੱਗੇ ਆਉਣ ਲਈ ਪ੍ਰੇਰਿਤ ਕੀਤਾ। ਦੇਸ਼ ਵਿਦੇਸ਼ਾਂ ਤੋਂ ਲੱਖਾਂ ਦੀ ਗਿਣਤੀ ਵਿੱਚ ਪਹੁੰਚੇ ਸ਼ਰਧਾਲੂ ਸ੍ਰੀ ਦਰਬਾਰ ਸਾਹਿਬ ਦੇ ਪਾਵਨ ਪਵਿੱਤਰ ਸਰੋਵਰ ਦੇ ਕਿਨਾਰੇ ਘਿਓ ਦੇ ਦੀਵੇ ਬਾਲਕੇ ਬੰਦੀ ਛੋੜ ਗੁਰਪੁਰਬ ਦੀ  ਖੁਸ਼ੀਆਂ  ਮਨਾ ਰਹੇ ਨੇ।

------------------------------------------------------------------

ਬੀਤੇ ਦਿਨ ਤੋਂ ਦੀਵਾਲੀ ਦੇ ਤਿਓਹਾਰ ਦੇ ਮੱਦੇ ਨਜ਼ਰ ਪੰਜਾਬ ਦਾ ਫਾਇਰ

ਬ੍ਰਿਗੇਡ ਵਿਭਾਗ ਪੱਬਾਂ ਭਾਰ ਹੋਇਆ ਏ। ਕਲ ਰਾਤ ਤੋਂ ਲੈਕੇ ਅੱਜ ਸਵੇਰੇ 10 ਵਜੇ ਤਕ ਵਿਭਾਗ ਵਲੋਂ ਅੱਗ ਲਗਣ ਦੀਆਂ 200 ਘਟਨਾਵਾਂ ਨਾਲ ਸਫਲਤਾ ਪੂਰਵਕ ਨਜਿੱਠਿਆ ਗਿਆ ਏ । ਇਨ੍ਹਾਂ ਕੁੱਲ ਘਟਨਾਵਾਂ ਵਿਚੋਂ 36 ਘਟਨਾਵਾਂ ਜਲੰਧਰ ਸ਼ਹਿਰ ਸਮੇਤ ਕਰਤਾਰਪੁਰ , ਨਕੋਦਰ ਅਤੇ ਸ਼ਾਹਕੋਟ ਵਿਚ ਵਾਪਰੀਆਂ ਨੇ . ਪੰਜਾਬ ਫਾਇਰ ਬ੍ਰਿਗੇਡ ਵਿਭਾਗ ਦੇ ADDITIONAL DIVISIONAL FIRE ਅਫਸਰ ਲਵਪ੍ਰੀਤ ਸਿੰਘ ਨੇ ਆਕਾਸ਼ਵਾਣੀ ਜਲੰਧਰ ਦੇ ਨੁਮਾਇੰਦੇ ਨੂੰ ਦਸਿਆ ਕਿ ਪੰਜਾਬ ਭਾਰ ਵਿਚ 87 FIRE OFFICE ਮੌਜੂਦ ਨੇ . ਇਨ੍ਹਾਂ ਦੀਆਂ 150 ਪੋਸਟਾਂ ਬਣਾ ਕੇ ਰਾਜ ਭਰ ਵਿਚ ਤਾਇਨਾਤ ਕੀਤਾ ਗਿਆ ਏ ਤਾਂ ਕਿ ਅੱਗ ਲਗਨ ਵਾਲੀ ਥਾਂ ਤੇ ਜਲਦ ਪਹੁੰਚਿਆ ਜਾ ਸਕੇ। ਉਨ੍ਹਾਂ ਦਸਿਆ ਕਿ ਇਨ੍ਹਾਂ ਹਾਦਸਿਆਂ ਵਿਚ ਕਿਸੇ ਵੀ ਤਰ੍ਹਾਂ ਦਾ ਜਾਨੀ ਨੁਕਸਾਨ ਨਹੀਂ ਹੋਇਆ ਏ .. ਉਨ੍ਹਾਂ ਨੇ ਦੀਵਾਲੀ ਅਤੇ ਬੰਦੀ ਛੋੜ ਗੁਰਪੁਰਬ ਦਿਵਸ ਦੇ ਅੱਜ ਵੀ ਮਨਾਏ ਜਾਨ ਦੇ ਮਦੇਨਜ਼ਰ ਪੰਜਾਬ ਵਾਸੀਆਂ ਨੂੰ ਆਪਣੇ ਜਾਨ ਮਾਲ ਦੇ ਨਾਲ ਆਮ ਲੋਕਾਂ ਦੀ ਸਹੂਲੀਅਤ ਮੁਤਾਬਕ ਆਤਿਸ਼ਬਾਜ਼ੀ ਕਰਨ ਦੀ ਅਪੀਲ ਕੀਤੀ ਏ। ਉਨ੍ਹਾਂ ਇਹ ਵੀ

ਕਿਹਾ ਕਿ ਇਸ ਦੌਰਾਨ ਅਵਾਰਾਂ ਪਸ਼ੂਆਂ ਦਾ ਵੀ ਵਿਸ਼ੇਸ਼ ਧਿਆਨ ਰੱਖਿਆ ਜਾਵੇ ।

---------------------------------------------------------

ਫਾਜ਼ਿਲਕਾ ਦੇ ਘੰਟਾਘਰ ਚੌਕ ਦੇ ਨੇੜੇ ਕੱਲ ਰਾਤ ਇੱਕ ਮਿਠਾਈਆਂ ਦੀ ਦੁਕਾਨ ਸਮੇਤ ਲਗਭਗ 3 ਦੁਕਾਨਾਂ ਵਿੱਚ ਭਿਆਨਕ ਅੱਗ ਲੱਗ ਗਈ। ਅੱਗ ਇਨੀ ਭਿਆਨਕ ਸੀ ਕਿ ਇਸ ਨੇ ਨਾਲ ਦੀਆਂ ਦੁਕਾਨਾਂ ਨੂੰ ਵੀ ਆਪਣੀ ਲਪੇਟ ਵਿਚ ਲੈ ਲਿਆ । ਇੱਸ ਦੌਰਾਨ ਇੱਕ ਮਹਿਲਾ ਸਮੇਤ 4 ਚਾਰ ਵਿਅਕਤੀ ਇੱਸ ਵਿਚ ਫਸ ਗਏ । ਫਾਇਰ ਬ੍ਰਿਗੇਡ ਵਿਭਾਗ ਦੇ ਕਰਮਚਾਰੀਆਂ ਨੇ ਮੌਕੇ 'ਤੇ ਪਹੁੰਚ ਕੇ ਅੱਗ 'ਤੇ ਕਾਬੂ ਪਾਇਆ ਅਤੇ ਅੰਦਰ ਫਸੇ ਹੋਏ 4 ਵਿਅਕਤੀਆਂ ਨੂੰ ਸੁਰੱਖਿਅਤ ਬਾਹਰ ਕੱਢਿਆ। ਇਸੇ ਤਰਾਂ ਬੀਤੀ ਰਾਤ ਪਟਿਆਲਾ ਵਿਖੇ ਦੀਵਾਲੀ ਮੌਕੇ ਕੁਲ 10 ਥਾਵਾਂ ਤੇ ਅੱਗ ਲੱਗਣ ਦੀਆਂ ਘਟਨਾਵਾਂ ਸਾਹਮਣੇ ਆਈਆਂ ਨੇ . ਇਹਨਾਂ ਸਾਰੀਆਂ ਘਟਨਾਵਾਂ ਵਿਚ ਜਾਨੀ ਨੁਕਸਾਨ ਤੋ ਤਾਂ ਬਚਾ ਹੋ ਗਿਆ ਪਰ ਕਾਫੀ ਮਾਲੀ ਨੁਕਸਾਨ ਦੀ ਖਬਰ ਏ ।

---------------------------------------------------------------

ਕਿਸਾਨਾਂ ਨੂੰ ਵਿੱਤੀ ਸ਼ੋਸ਼ਣ ਤੋਂ ਬਚਾਉਣ ਅਤੇ ਫ਼ਸਲ ਦਾ ਵਧੀਆ ਝਾੜ ਪ੍ਰਾਪਤ ਕਰਨ ਵਿੱਚ ਉਨ੍ਹਾਂ ਦੀ ਮਦਦ ਕਰਨ ਦੇ ਉਦੇਸ਼ ਨਾਲ ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਨੇ ਹਾੜ੍ਹੀ ਸੀਜ਼ਨ ਲਈ ਡੀ.ਏ.ਪੀ. ਅਤੇ ਹੋਰ ਖਾਦਾਂ, ਮਿਆਰੀ ਬੀਜਾਂ ਅਤੇ ਕੀਟਨਾਸ਼ਕਾਂ ਦੀ ਨਿਰਵਿਘਨ ਅਤੇ ਲੋੜੀਂਦੀ ਉਪਲਬਧਤਾ ਨੂੰ ਯਕੀਨੀ ਬਣਾਉਣ ਲਈ ਉੱਡਣ ਦਸਤਿਆਂ ਦੀਆਂ ਪੰਜ ਟੀਮਾਂ ਦਾ ਗਠਨ ਕੀਤਾ ਹੈ। ਇਸ ਬਾਰੇ ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਇਨ੍ਹਾਂ ਟੀਮਾਂ ਵੱਲੋਂ ਖਾਦਾਂ ਦੇ ਗੈਰ-ਕਾਨੂੰਨੀ ਭੰਡਾਰਨ, ਖਾਦਾਂ ਦੀ ਕਾਲਾਬਾਜ਼ਾਰੀ ਅਤੇ ਡੀ.ਏ.ਪੀ. ਤੇ ਹੋਰ ਖਾਦਾਂ ਨਾਲ ਬੇਲੋੜੇ ਕੈਮੀਕਲਾਂ ਦੀ ਟੈਗਿੰਗ ਖ਼ਿਲਾਫ਼ ਕਾਰਵਾਈ ਲਈ ਛਾਪੇ ਮਾਰੇ ਜਾਣਗੇ। ਇਹ ਟੀਮਾਂ ਸਪਲਾਈ ਦੀ ਨਿਗਰਾਨੀ ਕਰਨ ਦੇ ਨਾਲ-ਨਾਲ ਖੇਤੀਬਾੜੀ ਨਾਲ ਸਬੰਧਤ ਵਸਤਾਂ ਦੇ ਮਿਆਰ ਨੂੰ ਕਾਇਮ ਰੱਖਣਗੀਆਂ ਅਤੇ ਨਿਯਮਤ ਜਾਂਚ ਤੇ ਨਮੂਨੇ ਰਾਹੀਂ ਗੁਣਵੱਤਾ ਨਿਯੰਤਰਣ ਨੂੰ ਯਕੀਨੀ ਬਣਾਉਣਗੀਆਂ। ਉਨ੍ਹਾਂ ਦੱਸਿਆ ਕਿ ਇਹ ਉੱਡਣ ਦਸਤੇ ਪ੍ਰਚੂਨ ਅਤੇ ਥੋਕ

ਡੀਲਰਾਂ ਦੇ ਨਾਲ-ਨਾਲ ਬੀਜਾਂ, ਖਾਦਾਂ ਅਤੇ ਕੀਟਨਾਸ਼ਕਾਂ ਦੇ ਨਿਰਮਾਣ ਅਤੇ ਮੰਡੀਕਰਨ ਯੂਨਿਟਾਂ ਦਾ ਦੌਰਾ ਕਰਨਗੇ ਤਾਂ ਜੋ ਰੇਟਾਂ ਦੀ ਨਿਗਰਾਨੀ ਕੀਤੀ ਜਾ ਸਕੇ। ਖੇਤੀਬਾੜੀ ਵਿਭਾਗ ਵੱਲੋਂ 1 ਅਪ੍ਰੈਲ ਤੋਂ 31 ਅਕਤੂਬਰ, 2024 ਤੱਕ ਗੁਣਵੱਤਾ ਨਿਯੰਤਰਣ ਸਬੰਧੀ ਚਲਾਈ ਗਈ ਮੁਹਿੰਮ ਦੇ ਅੰਕੜਿਆਂ ਨੂੰ ਸਾਂਝਾ ਕਰਦਿਆਂ ਖੇਤੀਬਾੜੀ ਮੰਤਰੀ ਨੇ ਦੱਸਿਆ ਕਿ ਵਿਭਾਗ ਨੇ ਕੀਟਨਾਸ਼ਕਾਂ ਦੇ 2,063 ਨਮੂਨੇ ਲਏ ਸਨ। ਇਨ੍ਹਾਂ ਦੀ ਜਾਂਚ ਬਾਅਦ ਆਏ ਨਤੀਜੇ ਦੇ ਆਧਾਰ ਉਤੇ ਗਲਤ ਬ੍ਰਾਂਡਿੰਗ ਕਰਨ ਵਾਲੀਆਂ 43 ਫ਼ਰਮਾਂ ਦੇ ਲਾਇਸੈਂਸ ਰੱਦ ਕੀਤੇ ਗਏ ਨੇ । ਇਸ ਤੋਂ ਇਲਾਵਾ ਰਸਾਇਣਕ ਖਾਦਾਂ ਦੇ 1751 ਨਮੂਨੇ, ਬਾਇਓ ਖਾਦਾਂ ਦੇ 100 ਨਮੂਨੇ ਅਤੇ ਜੈਵਿਕ ਖਾਦਾਂ ਦੇ 40 ਨਮੂਨੇ ਲਏ ਗਏ ਨੇ । ਮਿਸਬ੍ਰੈਂਡਿਡ ਵਾਲੀਆਂ 48 ਫਰਮਾਂ ਦੇ ਲਾਇਸੈਂਸ ਰੱਦ ਕੀਤੇ ਗਏ ਨੇ ਅਤੇ ਉਹਨਾਂ ਵਿਰੁੱਧ ਤਿੰਨ ਐਫ.ਆਈ.ਆਰਜ਼. ਦਰਜ ਕੀਤੀਆਂ ਗਈਆਂ ਨੇ।

---------------------------------------------------

ਦੀਵਾਲੀ ਅਤੇ ਛਠ ਪੂਜਾ ਦੇ ਮੌਜੂਦਾ ਤਿਉਹਾਰਾਂ ਦੇ ਮਦੇਨਜਰ

ਨਿਰਵਿਘਨ ਅਤੇ ਆਰਾਮਦਾਇਕ ਯਾਤਰਾ ਨੂੰ ਯਕੀਨੀ ਬਣਾਉਣ ਲਈ, ਉੱਤਰੀ ਰੇਲਵੇ ਦੇ ਫਿਰੋਜ਼ਪੁਰ ਡਿਵੀਜ਼ਨ ਵਲੋਂ ਵਿਸ਼ੇਸ਼ ਰੇਲਗੱਡੀਆਂ ਚਲਾਈਆਂ ਜਾ ਰਹੀਆਂ ਨੇ। ਅੰਮ੍ਰਿਤਸਰ-ਕਟਿਹਾਰ-ਅੰਮ੍ਰਿਤਸਰ ਰਿਜ਼ਰਵਡ ਫੈਸਟੀਵਲ ਸਪੈਸ਼ਲ ਰੇਲਗੱਡੀ 02 ਨਵੰਬਰ ਨੂੰ ਅੰਮ੍ਰਿਤਸਰ ਤੋਂ ਕਟਿਹਾਰ ਤੱਕ ਦੁਪਹਿਰ 01.25 ਵਜੇ ਰਵਾਨਾ ਹੋਵੇਗੀ ਅਤੇ ਇੱਕ ਦਿਨ ਬਾਅਦ ਸਵੇਰੇ 03.00 ਵਜੇ ਕਟਿਹਾਰ ਪਹੁੰਚੇਗੀ। ਰਸਤੇ ਵਿੱਚ, ਇਹ ਵਿਸ਼ੇਸ਼ ਰੇਲਗੱਡੀ ਬਿਆਸ, ਜਲੰਧਰ ਸ਼ਹਿਰ, ਢੰਡਾਰੀ ਕਲਾਂ, ਅੰਬਾਲਾ ਛਾਉਣੀ, ਸਹਾਰਨਪੁਰ, ਮੁਰਾਦਾਬਾਦ, ਬਰੇਲੀ, ਸ਼ਾਹਜਹਾਂਪੁਰ, ਲਖਨਊ, ਅਯੁੱਧਿਆ ਕੈਂਟ, ਅਕਬਰਪੁਰ, ਵਾਰਾਣਸੀ, ਗਾਜ਼ੀਪੁਰ ਸਿਟੀ, ਬਲੀਆ, ਛਪਰਾ, ਹਾਜੀਪੁਰ, ਦੇਸਰੀ, ਬਰੌਨੀ ਅਤੇ ਖਗੜੀਆ ਵਿਖੇ ਰੁਕਦੀ ਏ । ਲੁਧਿਆਣਾ-ਕੋਲਕਾਤਾ-ਲੁਧਿਆਣਾ ਵਿਚਕਾਰ ਅਨਰਿਜ਼ਰਵਡ ਫੈਸਟੀਵਲ ਸਪੈਸ਼ਲ ਰੇਲਗੱਡੀ 03 ਨਵੰਬਰ ਨੂੰ ਲੁਧਿਆਣਾ ਤੋਂ ਸਵੇਰੇ 06.30 ਵਜੇ ਰਵਾਨਾ ਹੋਵੇਗੀ। ਇਹ ਵਿਸ਼ੇਸ਼ ਰੇਲ ਗੱਡੀ ਢੰਡਾਰੀ ਕਲਾਂ, ਅੰਬਾਲਾ

ਛਾਉਣੀ, ਸਹਾਰਨਪੁਰ, ਮੁਰਾਦਾਬਾਦ, ਬਰੇਲੀ, ਸ਼ਾਹਜਹਾਂਪੁਰ, ਲਖਨਊ, ਸੁਲਤਾਨਪੁਰ, ਵਾਰਾਣਸੀ, ਪੰਡਿਤ ਦੀਨਦਿਆਲ ਉਪਾਧਿਆਏ, ਸਾਸਾਰਾਮ, ਗਯਾ,ਕੋਡਰਮਾ, ਪਾਰਸਨਾਥ, ਨੇਤਾਜੀ ਸੁਭਾਸ਼ ਚੰਦਰ ਬੋਸ ਜੰਕਸ਼ਨ ਗੋਮੋ, ਢਾਬਾ , ਆਸਨਸੋਲ, ਅੰਡਲ, ਇਹ ਦੋਵੇਂ ਦਿਸ਼ਾਵਾਂ ਵਿੱਚ ਦੁਰਗਾਪੁਰ, ਬਰਧਮਾਨ ਰੇਲਵੇ ਸਟੇਸ਼ਨਾਂ 'ਤੇ ਰੁਕੇਗੀ। ਜਦ ਕੇ ਅੱਜ 1 ਨਵੰਬਰ, 2024 ਨੂੰ ਚਲਣ ਵਾਲਿਆਂ ਇਹਨਾਂ ਵਿਸ਼ੇਸ਼ ਰੇਲਗੱਡੀਆਂ ਵਿਚ ਬਠਿੰਡਾ ਜੰਕਸ਼ਨ ਤੋਂ ਵਾਰਾਣਸੀ ਜੰਕਸ਼ਨ ਲਈ ਰਾਤ 8 ਵੱਜ ਕੇ 50 ਮਿੰਟ ਤੇ ਚਲੇਗੀ ਅਤੇ ਦੂਜੀ ਰੇਲਗੱਡੀ ਲੁਧਿਆਣਾ ਤੋਂ ਸਹਰਸਾ ਲਈ ਰਾਤ 10.15 ਵਜੇ ਰਵਾਨਾ ਹੋਵੇਗੀ ।

---------------------------------------------------------

ਉਧਰ ਬਠਿੰਡਾ ਜ਼ਿਲ੍ਹੇ ਅੰਦਰ ਪਰਾਲੀ ਦੀ ਸੁਚੱਜੀ ਸਾਂਭ-ਸੰਭਾਲ ਤੇ ਇਸ ਦੇ ਮੁਕੰਮਲ ਪ੍ਰਬੰਧਨ ਸਬੰਧੀ ਜਿਲ੍ਹੇ ਭਰ ਵਿੱਚ ਲਗਭਗ 60 ਦੇ ਕਰੀਬ ਬੇਲਰ ਅਤੇ 400 ਦੇ ਕਰੀਬ ਸੁਪਰਸੀਡਰ ਮਸ਼ੀਨਾਂ ਉਪਲਬਧ ਕਰਵਾਈਆਂ ਨੇ । ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ੍ਰੀ ਸ਼ੌਕਤ ਅਹਿਮਦ ਪਰੇ ਨੇ ਜ਼ਿਲ੍ਹੇ ਦੇ ਪਿੰਡ ਸੈਣੇਵਾਲਾ ਅਤੇ ਗਹਿਰੀ ਬੁੱਟਰ ਦੇ ਦੌਰੇ

ਦੌਰਾਨ ਦਿੱਤੀ . ਇਸ ਮੌਕੇ ਉਨ੍ਹਾਂ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪਰਾਲੀ ਪ੍ਰਬੰਧਨ ਸਬੰਧੀ ਸਾਰੇ ਪੁਖਤਾ ਪ੍ਰਬੰਧ ਕੀਤੇ ਹੋਏ ਨੇ । ਇਸ ਮੌਕੇ ਉਨ੍ਹਾਂ ਇੱਕ ਹੋਰ ਸਵਾਲ ਦੇ ਜਵਾਬ ਵਿਚ ਕਿਹਾ ਕਿ ਜ਼ਿਲ੍ਹੇ ਚ ਜਿੱਥੇ ਪਿਛਲੇ ਸਾਲ ਪਰਾਲੀ ਨੂੰ ਵੱਧ ਅੱਗ ਲੱਗਣ ਦੀਆਂ ਘਟਨਾਵਾਂ ਸਾਹਮਣੇ ਆਈਆਂ ਸਨ ਉੱਥੇ ਇਸ ਵਾਰ ਸਪੈਸ਼ਲ ਸੁਪਰਵਾਈਜ਼ਰ ਤਾਇਨਾਤ ਕੀਤੇ ਗਏ ਨੇ ਤਾਂ ਜੋ ਪਰਾਲੀ ਨੂੰ ਅੱਗ ਲਗਾਉਣ ਤੋਂ ਰੋਕਿਆ ਜਾ ਸਕੇ। ਉਨ੍ਹਾਂ ਕਿਹਾ ਕਿ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਵਾਲੇ ਕਿਸਾਨਾਂ ਤੇ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ ਅਤੇ ਜਮਾਂਬੰਦੀ ਚ ਰੈਡ ਐਂਟਰੀ ਵੀ ਕੀਤੀ ਜਾਵੇਗੀ । ਉਹਨਾਂ ਇਹ ਵੀ ਕਿਹਾ ਕਿ ਖੇਤੀਬਾੜੀ ਵਿਭਾਗ ਵੱਲੋਂ ਕਿਸਾਨਾਂ ਨਾਲ ਰਾਬਤਾ ਕਰਕੇ ਉਨ੍ਹਾਂ ਨੂੰ ਸੁਪਰ ਸੀਡਰ ਨਾਲ ਕਣਕ ਦੀ ਬਿਜਾਈ ਕਰਨ ਲਈ ਜਾਗਰੂਕ ਕੀਤਾ ਜਾ ਰਿਹਾ ਏ ।

---------------------------------------------------------------

**<u>ਆਖ਼ਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ</u>**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਭਾਰਤ ਇੱਕ ਰਾਸ਼ਟਰ ਇੱਕ ਸਿਵਿਲ ਜ਼ਾਬਤੇ ਵੱਲ ਵਧ ਰਿਹਾ ਏ ਜੋ ਕਿ ਧਰਮ ਨਿਰਪਖ ਸਿਵਲ ਜ਼ਾਬਤਾ ਹੋਏਗਾ।
- ਤਿਉਹਾਰਾਂ ਦੇ ਮਦੇਨਜਰ ਉੱਤਰੀ ਰੇਲਵੇ ਦੇ ਫਿਰੋਜ਼ਪੁਰ ਡਿਵੀਜ਼ਨ ਵਲੋਂ ਵਿਸ਼ੇਸ਼ ਰੇਲਗੱਡੀਆਂ ਚਲਾਈਆਂ ਜਾ ਰਹੀਆਂ ਨੇ।
- ਦੀਵਾਲੀ ਅਤੇ ਬੰਦੀ ਛੋੜ ਦਿਵਸ ਸੱਚਖੰਡ ਸ਼੍ਰੀ ਹਰਿਮੰਦਰ ਸਾਹਿਬ ਵਿਖੇ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ।
- ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਦੁਆਰਾ ਹਾੜ੍ਹੀ ਸੀਜ਼ਨ ਲਈ ਡੀ.ਏ.ਪੀ. ਅਤੇ ਹੋਰ ਖਾਦਾਂ, ਮਿਆਰੀ ਬੀਜਾਂ ਅਤੇ ਕੀਟਨਾਸ਼ਕਾਂ ਦੀ ਨਿਰਵਿਘਨ ਅਤੇ ਲੋੜੀਂਦੀ ਉਪਲਬਧਤਾ ਨੂੰ ਯਕੀਨੀ ਬਣਾਉਣ ਲਈ ਉੱਡਣ ਦਸਤਿਆਂ ਦੀਆਂ ਪੰਜ ਟੀਮਾਂ ਦਾ ਗਠਨ।